# TODAY'S HUKAMNAMA FROM SRI DARBAR SAHIB, Sri Amritsar.

**[January 26th, 2021 - Tuesday - 05:30 AM. IST]**

ਸੋਰਠਿ ਮਹਲਾ ੫ ॥

ਸਤਿਗੁਰ ਪੂਰੇ ਭਾਣਾ ॥ ਤਾ ਜਪਿਆ ਨਾਮੁ ਰਮਾਣਾ ॥ ਗੋਬਿੰਦ ਕਿਰਪਾ ਧਾਰੀ ॥ ਪ੍ਰਭਿ ਰਾਖੀ ਪੈਜ ਹਮਾਰੀ ॥੧॥ ਹਰਿ ਕੇ ਚਰਣ ਸਦਾ ਸੁਖਦਾਈ ॥ ਜੋ ਇਛਹਿ ਸੋਈ ਫਲੁ ਪਾਵਹਿ ਬਿਰਥੀ ਆਸ ਨ ਜਾਈ ॥੧॥ ਰਹਾਉ ॥ ਕ੍ਰਿਪਾ ਕਰੇ ਜਿਸੁ ਪ੍ਰਾਨਪਤਿ ਦਾਤਾ ਸੋਈ ਸੰਤੁ ਗੁਣ ਗਾਵੈ ॥ ਪ੍ਰੇਮ ਭਗਤਿ ਤਾ ਕਾ ਮਨੁ ਲੀਣਾ ਪਾਰਬ੍ਰਹਮ ਮਨਿ ਭਾਵੈ ॥੨॥ ਆਠ ਪਹਰ ਹਰਿ ਕਾ ਜਸੁ ਰਵਣਾ ਬਿਖੈ ਠਗਉਰੀ ਲਾਥੀ ॥ ਸੰਗਿ ਮਿਲਾਇ ਲੀਆ ਮੇਰੈ ਕਰਤੈ ਸੰਤ ਸਾਧ ਭਏ ਸਾਥੀ ॥੩॥ ਕਰੁ ਗਹਿ ਲੀਨੇ ਸਰਬਸੁ ਦੀਨੇ ਆਪਹਿ ਆਪੁ ਮਿਲਾਇਆ ॥ ਕਹੁ ਨਾਨਕ ਸਰਬ ਥੋਕ ਪੂਰਨ ਪੂਰਾ ਸਤਿਗੁਰੁ ਪਾਇਆ ॥੪॥੧੫॥੭੯॥

ਮੰਗਲਵਾਰ, ੧੩ ਮਾਘ (ਸੰਮਤ ੫੫੨ ਨਾਨਕਸ਼ਾਹੀ) ੨੬ ਜਨਵਰੀ, ੨੦੨੧ (ਅੰਗ: ੬੨੮)

ਪੰਜਾਬੀ ਵਿਆਖਿਆ:

ਸੋਰਠਿ ਮਹਲਾ ੫ ॥

ਹੇ ਭਾਈ! ਜਦੋਂ ਗੁਰੂ ਨੂੰ ਚੰਗਾ ਲੱਗਦਾ ਹੈ ਜਦੋਂ ਗੁਰੂ ਤ੍ਰੁੱਠਦਾ ਹੈ, ਤਦੋਂ ਹੀ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ। ਪਰਮਾਤਮਾ ਨੇ ਮੇਹਰ ਕੀਤੀ ਗੁਰੂ ਮਿਲਾਇਆ। ਗੁਰੂ ਦੀ ਕਿਰਪਾ ਨਾਲ ਅਸਾਂ ਨਾਮ ਜਪਿਆ, ਤਾਂ ਪਰਮਾਤਮਾ ਨੇ ਸਾਡੀ ਲਾਜ ਰੱਖ ਲਈ, ਬਿਖੈ ਠਗਉਰੀ ਤੋਂ ਬਚਾ ਲਿਆ।੧। ਹੇ ਭਾਈ ਪਰਮਾਤਮਾ ਦੇ ਚਰਨ ਸਦਾ ਸੁਖ ਦੇਣ ਵਾਲੇ ਹਨ। ਜੇਹੜੇ ਮਨੁੱਖ ਹਰਿ–ਚਰਨਾਂ ਦਾ ਆਸਰਾ ਲੈਂਦੇ ਹਨ, ਉਹ ਜੋ ਕੁਝ ਪਰਮਾਤਮਾ ਪਾਸੋਂ ਮੰਗਦੇ ਹਨ, ਉਹੀ ਫਲ ਪ੍ਰਾਪਤ ਕਰ ਲੈਂਦੇ ਹਨ। ਪਰਮਾਤਮਾ ਦੀ ਸਹਾਇਤਾ ਉਤੇ ਰੱਖੀ ਹੋਈ ਕੋਈ ਭੀ ਆਸ ਖ਼ਾਲੀ ਨਹੀਂ ਜਾਂਦੀ।੧।ਰਹਾਉ। ਹੇ ਭਾਈ! ਜੀਵਨ ਦਾ ਮਾਲਕ ਦਾਤਾਰ ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ ਉਹ ਸੰਤ ਸੁਭਾਵ ਬਣ ਜਾਂਦਾ ਹੈ, ਤੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਉਂਦਾ ਹੈ। ਉਸ ਮਨੁੱਖ ਦਾ ਮਨ ਪਰਮਾਤਮਾ ਦੀ ਪਿਆਰ–ਭਰੀ ਭਗਤੀ ਵਿਚ ਮਸਤ ਹੋ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ।੨। ਹੇ ਭਾਈ! ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਨ ਨਾਲ ਵਿਕਾਰਾਂ ਦੀ ਠਗ–ਬੂਟੀ ਦਾ ਜ਼ੋਰ ਮੁੱਕ ਜਾਂਦਾ ਹੈ। ਜਿਸ ਭੀ ਮਨੁੱਖ ਨੇ ਸਿਫ਼ਤਿ ਸਾਲਾਹ ਵਿਚ ਮਨ ਜੋੜਿਆ ਕਰਤਾਰ ਨੇ ਉਸ ਨੂੰ ਆਪਣੇ ਨਾਲ ਮਿਲਾ ਲਿਆ, ਸੰਤ ਜਨ ਉਸ ਦੇ ਸੰਗੀ–ਸਾਥੀ ਬਣ ਗਏ।੩। ਹੇ ਭਾਈ! ਗੁਰੂ ਦੀ ਸ਼ਰਨ ਪੈ ਕੇ ਜਿਸ ਭੀ ਮਨੁੱਖ ਨੇ ਪ੍ਰਭੂ–ਚਰਨਾਂ ਦਾ ਆਰਾਧਨ ਕੀਤਾ, ਪ੍ਰਭੂ ਨੇ ਉਸ ਦਾ ਹੱਥ ਫੜ ਕੇ ਉਸ ਨੂੰ ਸਭ ਕੁਝ ਬਖ਼ਸ਼ ਦਿੱਤਾ, ਪ੍ਰਭੂ ਨੇ ਉਸ ਨੂੰ ਆਪਣਾ ਆਪ ਹੀ ਮਿਲਾ ਦਿੱਤਾ। ਹੇ ਨਾਨਕ! ਆਖ– ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ, ਉਸ ਦੇ ਸਾਰੇ ਕੰਮ ਸਫਲ ਹੋਏ।੪।੧੫।੭੯।

**English Translation:**

**SORAT'H, FIFTH MEHL:**

When it was pleasing to the Perfect True Guru, then I chanted the Naam, the Name of the Pervading Lord. The Lord of the Universe extended His Mercy to me, and God saved my honor. || 1 || The Lord's feet are forever peace-giving. Whatever fruit one desires, he receives; his hopes shall not go in vain. || 1 || Pause || That Saint, unto whom the Lord of Life, the Great Giver, extends His Mercy — he alone sings the Glorious Praises of the Lord. His soul is absorbed in loving devotional worship; his mind is pleasing to the Supreme Lord God. || 2 || Twenty-four hours a day, he chants the Praises of the Lord, and the bitter poison does not affect him. My Creator Lord has united me with Himself, and the Holy Saints have become my companions. || 3 || Taking me by the hand, He has given me everything, and blended me with Himself. Says Nanak, everything has been perfectly resolved; I have found the Perfect True Guru. || 4 || 15 || 79 ||

**Tuesday, 13th Maagh (Samvat 552 Nanakshahi) 26th January, 2021 (Page: 628)**